# ਵਿਸਾਖੀ

# ਵਿਸਾਖੀ

## 13 ਅਪ੍ਰੈਲ  ਵਿਸਾਖ ਮਹੀਨੇ ਦੀ ਸੰਗਰਾਂਦ

# ਵਿਸਾਖੀ

**ਭੂਮਿਕਾ / ਜਾਣ-ਪਛਾਣ -** ਪੰਜਾਬ ਮੇਲਿਆਂ ਦੀ ਧਰਤੀ ਹੈ। ਉਂਝ ਤਾਂ ਪੰਜਾਬ ਵਿੱਚ ਬਹੁਤ ਸਾਰੇ ਤਿਉਹਾਰ ਤੇ ਮੇਲੇ ਮਨਾਏ ਜਾਂਦੇ ਹਨ ਪਰ ਵਿਸਾਖੀ ਦਾ ਤਿਉਹਾਰ ਪੰਜਾਬ ਦਾ ਇੱਕ ਪ੍ਰਸਿੱਧ ਤਿਉਹਾਰ ਹੈ। ਇਹ 13 ਅਪ੍ਰੈਲ ਨੂੰ ਵਿਸਾਖ ਦੀ ਸੰਗਰਾਂਦ ਵਾਲੇ ਦਿਨ ਮਨਾਇਆ ਜਾਂਦਾ ਹੈ। ਇਸ ਦਾ ਸੰਬੰਧ ਇਤਿਹਾਸ, ਧਰਮ ਤੇ ਸੱਭਿਆਚਾਰ ਨਾਲ ਹੈ। ਇਸ ਦੀ ਮਹਾਨਤਾ ਬਹੁਪੱਖੀ ਹੈ।

**ਸੱਭਿਆਚਾਰਕ ਮਹੱਤਤਾ -** ਇਹ ਤਿਉਹਾਰ ਹਾੜ੍ਹੀ ਦੀ ਫ਼ਸਲ ( ਕਣਕ ) ਪੱਕਣ ਦੀ ਖੁਸ਼ੀ ਵਿੱਚ ਮਨਾਇਆ ਜਾਂਦਾ ਹੈ। ਇਸ ਨੂੰ ਕਿਸਾਨਾਂ ਦਾ ਮੇਲਾ ਵੀ ਕਿਹਾ ਜਾਂਦਾ ਹੈ। ਇਸ ਦਿਨ ਕਿਸਾਨ ਖੁਸ਼ੀਆਂ ਮਨਾਉਂਦੇ, ਭੰਗੜੇ ਪਾਉਂਦੇ ਮੇਲੇ ਨੂੰ ਜਾਂਦੇ ਹਨ। ਕਿਸਾਨਾਂ ਦੇ ਇਨ੍ਹਾਂ ਹਾਵਾਂ-ਭਾਵਾਂ ਦੀ ਤਰਜਮਾਨੀ ਕਰਦਾ ਹੋਇਆ ਧਨੀ ਰਾਮ ਚਾਤ੍ਰਿਕ ਦਾ ਇਹ ਗੀਤ ਬਹੁਤ ਪ੍ਰਸਿੱਧ ਹੈ-

ਤੂੜੀ ਤੰਦ ਸਾਂਭ ਹਾੜ੍ਹੀ ਵੇਚ ਵੱਟ ਕੇ,
ਲੰਬੜਾਂ ਤੇ ਸ਼ਾਹਾਂ ਦਾ ਹਿਸਾਬ ਕੱਟ ਕੇ,

ਕੱਛੇ ਮਾਰ ਵੰਝਲੀ ਅਨੰਦ ਛਾ ਗਿਆ,
ਮਾਰਦਾ ਦਮਾਮੇ ਜੱਟ ਮੇਲੇ ਆ ਗਿਆ।

**ਧਾਰਮਿਕ ਮਹੱਤਤਾ-** ਇਹ ਮੇਲਾ ਧਾਰਮਿਕ ਤੌਰ 'ਤੇ ਵੀ ਬਹੁਤ ਮਹੱਤਵਪੂਰਨ ਹੈ। ਇਸ ਦਿਨ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਸਾਹਿਬ ਵਿਖੇ ਕੇਸਗੜ੍ਹ ਨਾਂ ਦੇ ਸਥਾਨ ਤੇ ਇੱਕ ਭਾਰੀ ਇਕੱਠ ਬੁਲਾ ਕੇ 13 ਅਪ੍ਰੈਲ,1699 ਈ: ਨੂੰ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਇੱਥੇ ਗੁਰੂ ਗੋਬਿੰਦ ਸਿੰਘ ਜੀ ਨੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ। ਉਨ੍ਹਾਂ ਨੂੰ ਸਿੰਘਾਂ ਦੀ ਉਪਾਧੀ ਦਿੱਤੀ ਤੇ ਫਿਰ ਆਪ ਵੀ ਉਨ੍ਹਾਂ ਤੋਂ ਅੰਮ੍ਰਿਤ ਛਕਿਆ। ਇਸ ਲਈ ਇਹ ਦਿਨ ਖਾਲਸਾ ਪੰਥ ਦੀ ਸਥਾਪਨਾ ਦਿਵਸ ਵਜੋਂ ਬੜੀ ਧੂਮ-ਧਾਮ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾਂਦਾ ਹੈ।

**ਇਤਿਹਾਸਕ ਮਹੱਤਤਾ-** ਵਿਸਾਖੀ ਦੇ ਮੇਲੇ ਦੀ ਇਤਿਹਾਸਕ ਮਹੱਤਤਾ ਇਹ ਹੈ ਕਿ 13 ਅਪ੍ਰੈਲ, 1919 ਈ: ਨੂੰ ਜਲ੍ਹਿਆਂਵਾਲੇ ਬਾਗ਼ ਅੰਮ੍ਰਿਤਸਰ ਵਿਖੇ ਇਕੱਠੇ ਹੋਏ ਨਿਹੱਥੇ ਭਾਰਤੀਆਂ ਨੂੰ ਜਨਰਲ ਡਾਇਰ ਨੇ ਗੋਲੀਆਂ ਨਾਲ ਭੁੰਨ ਦਿੱਤਾ ਸੀ। ਇਸ ਵਿੱਚ ਤਕਰੀਬਨ 20,000 ਲੋਕ ਮਾਰੇ ਗਏ ਸਨ।

ਵਿੱਚ ਬਣੇ ਖੂਹ ਨੂੰ ' ਖੂਨੀ ਖੂਹ ' ਵੀ ਕਿਹਾ ਜਾਂਦਾ ਹੈ। ਅੱਜ ਵੀ ਜਲ੍ਹਿਆਂਵਾਲੇ ਬਾਗ਼ ਵਿੱਚ ਗੋਲੀਆਂ ਦੇ ਨਿਸ਼ਾਨ ਹਨ।

**ਮੇਲੇ ਦੀਆਂ ਰੌਣਕਾਂ-** ਇਸ ਦਿਨ ਥਾਂ-ਥਾਂ 'ਤੇ ਮੇਲੇ ਲੱਗਦੇ ਹਨ। ਮੇਲੇ ਵਿੱਚ ਬਹੁਤ ਭੀੜ ਹੁੰਦੀ ਹੈ। ਕਈ ਤਰ੍ਹਾਂ ਦੀਆਂ ਦੁਕਾਨਾਂ ਸਜੀਆਂ ਹੁੰਦੀਆਂ ਹਨ। ਖਾਸ ਤੌਰ 'ਤੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਸਾਖੀ ਦੇ ਮੇਲੇ ਦੀਆਂ ਰੌਣਕਾਂ ਬਹੁਤ ਜ਼ਿਆਦਾ ਹੁੰਦੀਆਂ ਹਨ।

**ਦੀਵਾਨ ਲੱਗਣੇ-** ਇਸ ਦਿਨ ਗੁਰਦੁਆਰਿਆਂ ਵਿੱਚ ਭਾਰੀ ਦੀਵਾਨ ਲਗਦੇ ਹਨ। ਢਾਡੀ ਸਿੰਘ ਯੋਧਿਆਂ ਦੀਆਂ ਵਾਰਾਂ ਗਾਉਂਦੇ ਹਨ। ਨੇਤਾ ਵੀ ਆਪਣੀਆਂ ਕਾਨਫਰੰਸਾਂ ਕਰਦੇ ਹਨ , ਭਾਸ਼ਣ ਦਿੰਦੇ ਹਨ।

**ਬਿਕਰਮੀ ਸੰਮਤ ਦੀ ਸ਼ੁਰੂਆਤ-** ਇਸ ਦਿਨ ਦੀ ਖ਼ਾਸ ਤੇ ਮਹੱਤਵਪੂਰਨ ਵਿਸ਼ੇਸ਼ਤਾ ਇਹ ਹੈ ਕਿ ਇਸ ਦਿਨ ਬਿਕਰਮੀ ਸੰਮਤ ਸ਼ੁਰੂ ਹੁੰਦਾ ਹੈ। ਨਾਨਕਸ਼ਾਹੀ ਕੈਲੰਡਰ ਵਿੱਚ ਇਸ ਨੂੰ ਸਾਲ ਦਾ ਪਹਿਲਾ ਮਹੀਨਾ ਗਿਣਿਆ ਗਿਆ ਹੈ। ਇਸ ਦੇ ਨਾਲ ਗਰਮੀ ਦੀ ਰੁੱਤ ਆਰੰਭ ਹੋ ਜਾਂਦੀ ਹੈ।

**ਸਿੱਟਾ-** ਅੰਤ ਵਿੱਚ ਇਹ ਕਿਹਾ ਜਾ ਸਕਦਾ ਹੈ ਕਿ ਵਿਸਾਖੀ ਦਾ ਮੇਲਾ ਹਰ ਪੱਖ ਤੋਂ ਮਹੱਤਵਪੂਰਨ ਹੈ। ਇਸ ਦੀ ਮਹਾਨਤਾ ਨੂੰ ਕਾਇਮ ਰੱਖਣ ਲਈ ਸਾਨੂੰ ਸ਼ਰਧਾਪੂਰਵਕ ਇਸ ਦਿਨ ਨੂੰ ਮਨਾਉਣਾ ਚਾਹੀਦਾ ਹੈ।





# ਧਾਰਮਿਕ
# ਮਹੱਤਤਾ



# 13 ਅਪ੍ਰੈਲ 1699

# ਖਾਲਸਾ ਪੰਥ




ਇਤਿਹਾਸਕ ਮਹੱਤਤਾ
13 ਅਪ੍ਰੈਲ 1919